International Journal of Information Movement Vol.3 Issue XI (March 2019)
Website: www.ijim.in ISSN: 2456-0553 (online) Pages 9-16

# ਗੁਰੂ ਗ੍ਰੰਥ ਸਾਹਿਬ ਦੀ ਸਮਕਾਲੀਨ ਪ੍ਰਾਸੰਗਿਕਤਾ

ਡਾ. ਸੁਖਵਿੰਦਰ ਸਿੰਘ
ਸਰਕਾਰੀ ਕਾਲਜ ਲੜਕੀਆਂ,
ਭੌੜੀਆ ਖੇੜਾ, ਫਤਿਹਾਬਾਦ
Email: professor.sukhwinder@gmail.com

ਗੁਰੂ ਗ੍ਰੰਥ ਸਾਹਿਬ ਦੇ ਪਾਠ ਅਤੇ ਪ੍ਰਵਚਨ ਨੂੰ ਭਾਰਤੀ ਗਿਆਨ ਪਰੰਪਰਾ ਦੇ ਅੰਤਰਗਤ ਵਿਚਾਰਨ ਤੋਂ ਬਾਦ ਅਸੀਂ ਗਿਆਨ-ਸ਼ਾਸਤਰ ਦੇ ਅਜੋਕੇ ਗਿਆਨ-ਸ਼ਾਸਤਰੀ ਪਰਿਪੇਖ ਨਾਲ ਸੰਬੰਧਿਤ ਕਰਨ ਦਾ ਜਤਨ ਕੀਤਾ ਹੈ। ਇਹ ਸਾਰਾ ਉਪਰਾਲਾ ਇਕ ਵਿਸ਼ੇਸ਼ ਕਾਲ ਖੰਡ ਵਿੱਚ ਰਚੇ ਗਏ ਪ੍ਰਵਚਨ ਦੀ ਸਾਰਥਕਤਾ ਅਤੇ ਪ੍ਰਸੰਗਿਕਤਾ ਨੂੰ ਉਜਾਗਰ ਕਰਨ ਵਲ ਰੁਚਿਤ ਹੈ। ਵਿਰਸੇ ਦਾ ਵਰਤਮਾਨ ਵਿਚ ਪੁਨਰ-ਚਿਤਵਨ ਤੇ ਪੁਨਰ-ਸਿਰਜਨ ਕਰਨਾ ਹਰ ਸਮਾਜ-ਸਭਿਆਚਾਰ ਅਤੇ ਹਰ ਪੀੜੀ ਦੀ ਹੋਂਦ-ਮੁੱਖੀ ਸਮੱਸਿਆ ਹੁੰਦੀ ਹੈ। ਹਰ ਦੌਰ ਦੇ ਮਨੁੱਖ ਜਾਂ ਮਨੁੱਖੀ ਭਾਈਚਾਰੇ ਨੂੰ ਆਪਣੇ ਅਤੀਤਕਾਲੀ ਵਿਰਸੇ ਨਾਲ ਕਿਵੇਂ ਨਾ ਕਿਵੇਂ ਨਿਜਿਠਣਾ ਪੈਂਦਾ ਹੈ, ਕਿਉਂ ਜੋ ਇਸੇ ਵਿਚ ਹੀ ਉਸ ਦੀ ਸਵੈ-ਪਛਾਣ ਦੇ ਮੂਲ ਆਧਾਰ ਛੁਪੇ ਹੁੰਦੇ ਹਨ। ਬੀਤੇ ਹੋਏ ਨੂੰ ਬੀਤ ਚੁੱਕਿਆ ਜਾਣ ਕੇ ਅਣਗੌਲਿਆਂ ਕਰ ਦੇਣਾ ਜਾਂ ਸਾਰਹੀਣ ਮੰਨ ਕੇ ਉਸ ਉੱਤੇ ਕਾਟਾ ਫੇਰ ਦੇਣਾ, ਅਸਲ ਵਿਚ ਆਪਣੀ ਪਛਾਣ ਤੋਂ ਮੁਨਕਰ ਹੋਣ ਦੇ ਬਰਾਬਰ ਹੈ।[i] ਪਰ ਇਸ ਦਾ ਅਰਥ ਵਰਤਮਾਨ ਦੀ ਹਕੀਕਤ ਤੋਂ ਮੂੰਹ ਮੋੜ ਕੇ ਅਤੀਤ ਦੀ ਸਿਮਰਤੀ ਵਿਚ ਮਨੋਵਾਸ ਕਰਨਾ ਨਹੀਂ, ਸਗੋਂ ਵਰਤਮਾਨ ਦੇ ਧਰਾਤਲ ਉੱਤੇ ਖਲੋ ਕੇ, ਵਿਵੇ ਕਪੂਰਣ ਭਵਿੱਖਾਰਥੀ ਸਫ਼ਰ ਲਈ ਅਤੀਤਕਾਲੀ ਵਿਰਸੇ ਨਾਲ ਸੰਵਾਦ ਰਚਾਉਣਾ ਹੈ। ਅਸਲ ਵਿਚ, ਵਿਰਸੇ ਦੀ ਯੁੱਗ ਅਨੁਕੂਲ ਨਵੀਂ ਵਿਆਖਿਆ ਕਰਕੇ ਹੀ ਕੋਈ ਸਮਾਜ ਸਭਿਆਚਾਰ ਜਾਂ ਮਨੁੱਖੀ ਭਾਈਚਾਰਾ ਆਪਣੇ ਹਕੀਕੀ ਗੌਰਵ ਨੂੰ ਸਥਾਪਿਤ ਕਰ ਸੰਕਦਾ ਹੈ। ਇਹ ਗੱਲ ਮਨੁੱਖ ਦੀਆਂ ਸਮੂਹ ਸਾਹਿਤਕ ਅਤੇ ਸਭਿਆਚਾਰਕ ਸਿਰਜਣਾਵਾਂ ਉੱਪਰ ਲਾਗੂ ਹੁੰਦੀ ਹੈ। ਗਲੋਬਲ-ਚੇਤਨਾ ਅਤੇ ਗਲੋਬਲਾਈਜ਼ੇਸ਼ਨ ਦੇ ਅਜੋਕੇ ਸੰਦਰਭ ਵਿਚ ਤਾਂ ਇਹ ਗੱਲ ਹੋਰ ਵੀ ਮਹੱਤਵਪੂਰਣ ਹੈ ਕਿ ਅਸੀਂ ਆਪਣੇ ਅਤੀਤਕਾਲੀ ਵਿਰਸੇ ਨੂੰ ਵਿਸ਼ਵ ਵਿਆਪੀ ਪਰਿਪੇਖ ਵਿਚ ਰੱਖ ਕੇ ਵਾਚੀਏ ਅਤੇ ਨਵੇਂ ਸਿਰਿਉਂ ਇਸ ਦੀ ਸਾਰਥਕਤਾ ਅਤੇ ਪਾਸੰਗਿਕਤਾ ਨਿਰਧਾਰਤ ਕਰੀਏ। ਇੱਥੇ ਸਾਡਾ ਸਰੋਕਾਰ ਮੁੱਖ ਤੌਰ ਤੇ ਗੁਰਬਾਣੀ ਨੂੰ ਅਜੋਕੇ ਵਿਸ਼ਵ-ਵਿਆਪੀ ਪਰਿਪੇਖ ਵਿਚ ਰੱਖ ਕੇ ਵਾਚਣ ਨਾਲ ਹੈ।

ਜਿਹਾ ਕਿ ਅਸੀਂ ਪਹਿਲਾਂ ਵੀ ਸੰਕੇਤ ਕੀਤਾ ਹੈ, ਗੁਰੂ ਗ੍ਰੰਥ ਸਾਹਿਬ, ਸਿੱਖ ਵਿਰਸੇ ਦਾ ਅਦੁੱਤੀ ਧਰਮ ਗ੍ਰੰਥ ਹੋਣ ਦੇ ਨਾਲ ਨਾਲ, ਮੱਧਕਾਲੀਨ ਭਾਰਤ ਦੀ ਮੁੱਲਵਾਨ ਸਮਾਜਿਕ ਅਤੇ ਸਭਿਆਚਾਰਕ ਟੈਕਸਟ ਵੀ ਹੈ। ਮਨੁੱਖੀ ਜੀਵਨ ਦੇ ਯਥਾਰਥ ਨੂੰ ਪਰਮਾਰਥ ਦੇ ਮੁਹਾਵਰੇ ਰਾਹੀਂ ਸੰਬੋਧਿਤ ਹੋਣ ਵਾਲੀ ਇਹ ਰਚਨਾ ਅਰਥਾਂ ਦਾ ਬਹੁ-ਪ੍ਰਤੀ ਤੇ ਬਹੁ-ਪਾਸਾਰੀ ਸੰਗਠਨ ਉਸਾਰਦੀ ਹੈ। ਜੇ ਇਕ ਪਾਸੇ ਇਹ ਮਨੁੱਖੀ ਜੀਵਨ ਦੀ ਨੈਤਿਕ ਅਤੇ ਅਧਿਆਤਮਕ ਅਗਵਾਈ ਦਾ ਸਦੀਵੀ ਪ੍ਰੇਰਣਾਸਰੋਤ ਬਣਦੀ ਹੈ ਤਾਂ ਦੂਜੇ ਪਾਸੇ ਇਹ ਸਮਾਜਿਕ ਸੰਸਥਾਵਾਂ ਅਤੇ ਸਭਿਆਚਾਰਕ ਕਦਰਾਂ-ਕੀਮਤਾਂ ਨੂੰ ਪ੍ਰਭਾਵਿਤ ਕਰਨ ਵਾਲੇ ਕਾਂਤੀਕਾਰੀ ਪ੍ਰਵਚਨ ਦਾ ਨਿਰਮਾਨ ਵੀ ਕਰਦੀ ਹੈ। ਗੁਰਬਾਣੀ ਦਾ ਇਹ ਤੀਕਾਰੀ ਪ੍ਰਵਚਨ ਮੱਧਕਾਲੀਨ ਭਾਰਤੀ ਸਮਾਜ-ਸਭਿਆਚਾਰ ਦੇ ਇਤਿਹਾਸਕ ਯਥਾਰਥ ਨਾਲ ਸੰਵਾਦ ਰਚਾਉਂਦਾ ਹੈ ਅਤੇ ਮਲ ਮਾਨਵੀ ਸਰੋਕਾਰਾਂ ਨੂੰ ਪੁਨਰ-ਪਰਿਭਾਸ਼ਿਤ ਕਰਨ ਵੱਲ ਰੁਚਿਤ ਹੁੰਦਾ ਹੈ।

ਭਾਵੇਂ ਗੁਰੂ ਗ੍ਰੰਥ ਸਾਹਿਬ ਦੀ ਸਿਰਜਣਾ ਮੱਧਕਾਲ ਵਿਚ ਹੋਈ ਹੈ ਪਰ ਇਸ ਦੇ ਕਾਂਤੀਕਾਰੀ ਪਵਚਨ ਵਿਚ ਅਨੇਕਾਂ ਅੰਤਰ-ਦ੍ਰਿਸ਼ਟੀਆਂ ਅਜਿਹੀਆਂ ਹਨ ਜੋ ਅਜੋਕੇ ਭਾਈ ਸਮਾਜ-ਸਭਿਆਚਾਰ ਲਈ ਹੀ ਨਹੀਂ ਸਗੋਂ ਸਮੁੱਚੀ ਮਨੁੱਖ-ਜਾਤੀ ਲਈ ਵੀ ਅਤਿਅੰਤ ਸਾਰਥਕ ਤੇ ਪਾਸੰਗਿਕ ਹਨ। ਇਸ ਮੰਤਵ ਦੀ ਪੂਰਤੀ ਲਈ ਗੁਰੂ ਗ੍ਰੰਥ ਸਾਹਿਬ ਦੇ ਪਾਠ ਪ੍ਰਬੰਧ ਅਤੇ ਪ੍ਰਵਚਨ ਨੂੰ ਨਿਰੋਲ ਰੂਹਾਨੀਅਤ ਦੇ ਪਰਮਾਰਥਕ ਸੰਦਰਭ ਵਿਚ ਰੱਖ ਕੇ ਨਹੀਂ ਸਗੋਂ ਸਮਾਜਿਕ, ਸਭਿਆਚਾਰਕ ਅਤੇ ਰਾਜਨੀਤਕ ਯਥਾਰਥ ਨਾਲ ਜੋੜ ਕੇ ਵਾਚਣਾ ਪਵੇਗਾ। ਇਕ ਤਰਾਂ ਨਾਲ ਸਾਨੂੰ ਗੁਰਬਾਣੀ ਦੇ ਪਾਵਨ ਪਾਠ ਦਾ ਅਧਿਐਨ ਤੇ ਵਿਸ਼ਲੇਸ਼ਣ ਮਨੁੱਖੀ ਯਥਾਰਥ ਦੇ ਉਸ ਵਿਆਪਕ ਪਰਿਪੇਖ ਵਿਚ ਰੱਖ ਕੇ ਕਰਨਾ ਪਵੇਗਾ ਜਿਸ ਨੂੰ ਵਰਤਮਾਨ ਚਿੰਤਨ ਦੀ ਦਿਸ਼ਟੀ ਤੋਂ, ਵਿਸ਼ਵ-ਵਿਆਪੀ ਜਾਂ ਗਲੋਬਲ ਪਰਿਪੇਖ ਆਖਿਆ ਜਾਂਦਾ ਹੈ।

ਸਮੇਂ ਅਤੇ ਸਥਾਨ ਦੀ ਦ੍ਰਿਸ਼ਟੀ ਤੋਂ ਗੁਰਬਾਣੀ ਦਾ ਸਿਰਜਣ-ਕਾਲ ਭਾਰਤ ਦੇ 12ਵੀਂ ਸਦੀ ਈਸਵੀ ਤੋਂ ਲੈ ਕੇ 17ਵੀਂ ਸਦੀ ਈਸਵੀ ਤਕ ਦੇ ਸਭਿਆਚਾਰਕ ਇਤਿਹਾਸ ਨਾਲ ਸੰਬੰਧਿਤ ਹੈ। ਮੁਗ਼ਲ ਸਾਮੰਤਵਾਦ ਦੇ ਦੌਰ ਵਿਚ ਰਚੀ ਗਈ ਇਸ ਰਚਨਾ ਦਾ ਸਿਰਜਨਾਤਮਕ ਸੰਦਰਭ ਪ੍ਰਤੱਖ ਤੌਰ ਤੇ ਸਥਾਨਕ ਹੈ। ਪਰ ਮਸਲਾ ਇਹ ਹੈ ਕਿ ਸਥਾਨਕ ਨੂੰ ਵਿਸ਼ਵੀ ਕਿਵੇਂ ਬਣਾਇਆ ਜਾਵੇ।[ii] ਅਜਿਹੀ ਸਥਿਤੀ ਵਿਚ ਸਭ ਤੋਂ ਪਹਿਲਾਂ ਵਿਸ਼ਵੀ (ਗਲੋਬਲ) ਅਤੇ ਸਥਾਨਕ (ਲੋਕਲ) ਦੇ ਪਰਸਪਰ ਰਿਸ਼ਤੇ ਨੂੰ ਸਪਸ਼ਟ ਕਰਨਾ ਜ਼ਰੂਰੀ ਜਾਪਦਾ ਹੈ। ਕਾਰਨ ਇਹ ਹੈ ਕਿ

ਉੱਤਰ-ਆਧੁਨਿਕ ਚਿੰਤਨ ਦੇ ਅਜੋਕੇ ਦੌਰ ਵਿਚ ਇਨ੍ਹਾਂ ਸ਼ਬਦਾਂ ਦੀ ਵਰਤੋਂ ਸਾਧਾਰਣ ਅਰਥਾਂ ਤੋਂ ਇਲਾਵਾ ਵਿਸ਼ੇਸ਼ ਭਾਂਤ ਦੇ ਤਕਨੀਕੀ ਅਰਥਾਂ ਵਿਚ ਵੀ ਕੀਤੀ ਜਾਂਦੀ ਹੈ। ਮਿਸਾਲ ਵਜੋਂ ਚਿੰਤਨ ਅਤੇ ਚੇਤਨਾ ਦੇ ਇਸ ਨਵੇਂ ਮਾਹੌਲ ਵਿਚ ਗਲੋਬਲ ਸ਼ਬਦ ਅੱਜ ਸਿਰਫ਼ ਸਮੁੱਚੇ ਵਿਸ਼ਵ ਜਾਂ ਭੂ-ਮੰਡਲ ਦਾ ਲਖਾਇਕ ਨਹੀਂ ਰਿਹਾ ਸਗੋਂ ਬਹੁ-ਰਾਸ਼ਟਰੀ ਸਰਮਾਏ ਦੇ ਵਧ ਰਹੇ ਪ੍ਰਭਾਵ ਵਜੋਂ ਉਸਰ ਰਹੀ ਨਵੀਂ ਵਿਸ਼ਵ-ਵਿਵਸਥਾ ਵਲ ਵੀ ਸੰਕੇਤ ਕਰਦਾ ਹੈ। ਇਸ ਤਰ੍ਹਾਂ ਇਸ ਸ਼ਬਦ ਦੀਆਂ ਅਰਥ-ਧੁਨੀਆਂ ਸਮਾਜ ਅਤੇ ਸਭਿਆਚਾਰ ਦੇ ਧਰਾਤਲ ਉੱਤੇ ਲੁਕਵੇਂ ਜਾਂ ਪ੍ਰਗਟ ਸੱਤਾ-ਸੰਘਰਸ਼ਾਂ, ਵਿਚਾਰਧਾਰਾਈ ਵਿਰੋਧਾਂ ਅਤੇ ਅੰਤਰ ਵਿਰੋਧਾਂ ਦੀ ਦੱਸ ਵੀ ਪਾਉਂਦੀਆਂ ਹਨ। ਇਸੇ ਤਰ੍ਹਾਂ ਲੋਕਲ ਜਾਂ ਸਥਾਨਕ ਸ਼ਬਦ ਦੇ ਇਰਦੇ ਗਿਰਦੇ ਵੀ ਡੂੰਘੇ ਆਰਥਕ ਅਤੇ ਰਾਜਨੀਤਕ ਮਹੱਤਵ ਵਾਲੀਆਂ ਅਰਥ-ਧੁਨੀਆਂ ਫੈਲੀਆਂ ਹੋਈਆਂ ਹਨ। ਅਸਲ ਵਿਚ ਲੋਕਲ ਅਤੇ ਗਲੋਬਲ ਪਰਸਪਰ ਸੰਬੰਧਿਤ ਸੰਕਲਪ ਹਨ। ਇਹ ਦੋਵੇਂ ਸੰਕਲਪ ਆਰਥਕ ਅਤੇ ਰਾਜਨੀਤਕ ਧਰਾਤਲ ਉੱਤੇ ਹੀ ਨਹੀਂ ਸਗੋਂ ਸਭਿਆਚਾਰ ਅਤੇ ਗਿਆਨਸ਼ਾਸਤਰ ਦੇ ਧਰਾਤਲ ਉੱਤੇ ਵੀ ਇਕ ਦੂਸਰੇ ਨੂੰ ਮੋੜਵੇਂ ਰੂਪ ਵਿਚ ਪ੍ਰਭਾਵਿਤ ਕਰਦੇ ਹਨ।

ਸਮਕਾਲੀ ਸਥਿਤੀ ਇਹ ਹੈ ਕਿ ਵਿਗਿਆਨ ਅਤੇ ਟੈਕਨਾਲੋਜੀ ਦੇ ਭਰਪੂਰ ਵਿਕਾਸ ਅਤੇ ਸੰਚਾਰ-ਮਾਧਿਅਮਾਂ ਵਿਚ ਹੋ ਰਹੇ ਕ੍ਰਾਂਤੀਕਾਰੀ ਪਰਿਵਰਤਨਾਂ ਨੇ ਗਿਆਨ-ਖੇਤਰ ਵਿਚ ਵਿਸਫੋਟ ਦੀ ਇਕ ਅਜਿਹੀ ਸਥਿਤੀ ਪੈਦਾ ਕਰ ਦਿੱਤੀ ਹੈ ਜਿਸ ਨੇ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈ ਲਿਆ ਹੈ। ਸਮੇਂ ਅਤੇ ਸਥਾਨ ਦੀ ਦੂਰੀ ਇਸ ਤਰ੍ਹਾਂ ਸਿਮਟ ਗਈ ਹੈ ਕਿ ਸਮੁੱਚਾ ਵਿਸ਼ਵ ਅੱਜ ਸੁੰਗੜ ਕੇ ਇਕ ਵਿਸ਼ਵ-ਪਿੰਡ ਜਾਂ ਗਲੋਬਲ ਵਿਲੇਜ ਬਣ ਗਿਆ ਹੈ। ਗਿਆਨ ਦੇ ਇਸ ਵਿਸਫੋਟ ਨੇ ਜਿੱਥੇ ਵਿਸ਼ਵ-ਵਿਆਪੀ ਚੇਤਨਾ ਨੂੰ ਜਨਮ ਦਿੱਤਾ ਹੈ ਓਥੇ ਇਸ ਨੇ ਬਹੁ-ਰਾਸ਼ਟਰੀ ਸਰਮਾਏ ਲਈ ਸ਼ੋਸ਼ਣ ਦਾ ਰਾਹ ਵੀ ਪੱਧਰਾ ਕਰ ਦਿੱਤਾ ਹੈ। ਸਮਕਾਲੀ ਸ਼ਬਦਵਲੀ ਅਨੁਸਾਰ ਇਸੇ ਨੂੰ ਹੀ ਗਲੋਬਲਾਈਜ਼ੇਸ਼ਨ ਜਾਂ ਵਿਸ਼ਵੀਕਰਣ ਦੀ ਪ੍ਰਕਿਰਿਆ ਵੀ ਆਖਿਆ ਜਾਂਦਾ ਹੈ। ਗਲੋਬਲਾਈਜ਼ੇਸ਼ਨ ਦੀ ਇਹ ਪ੍ਰਕਿਰਿਆ ਭਾਵੇਂ ਸਰਮਾਏਦਾਰੀ ਅਰਥ-ਵਿਵਸਥਾ ਦੇ ਦੌਰ ਵਿਚ ਹੀ ਸ਼ੁਰੂ ਹੋ ਚੁੱਕੀ ਸੀ ਪਰ ਅਜੋਕੇ ਸਮੇਂ ਇਸ ਵਿਚ ਹੈਰਾਨ-ਕੁੰਨ ਤੇਜ਼ੀ ਆਈ ਹੈ।[iii] ਇਸ ਦਾ ਸੰਬੰਧ ਸੋਵੀਅਤ ਯੂਨੀਅਨ ਦੇ ਵਿਗਠਨ ਤੋਂ ਉਪਰੰਤ ਵਿਸ਼ਵ-ਰੰਗਮੰਚ ਉੱਤੇ ਮੰਡੀ-ਆਰਥਕਤਾ ਅਤੇ ਕੰਜ਼ਿਊਮਰ-ਕਲਚਰ ਦੀ ਨੁਮਾਇੰਦਗੀ ਕਰਨ ਵਾਲੀ ਇਕ ਧਰੁਵੀ ਵਿਸ਼ਵ-ਵਿਵਸਥਾ ਦੀ ਉਸਾਰੀ ਨਾਲ ਹੈ। ਪਾਰ-ਰਾਸ਼ਟਰੀ ਸਰਮਾਏ ਦੀ ਚੌਧਰ ਸਥਾਪਿਤ ਕਰਨ ਵਾਲੀ ਇਹ ਨਵੀਂ ਵਿਸ਼ਵ-ਵਿਵਸਥਾ ਕਿ ਵਿਸ਼ੇਸ਼ ਭਾਂਤ ਦੇ ਸਭਿਆਚਾਰਕ ਬਸਤੀਵਾਦ ਨੂੰ ਉਤਸਾਹਿਤ ਕਰਦੀ ਹੈ ਅਤੇ ਸਥਾਨਕ ਸਭਿਆਚਾਰਾਂ ਦੀ ਵੰਨ-ਸੁਵੰਨਤਾ ਨੂੰ ਮਿਟਾਉਣ ਵਲ ਰੁਚਿਤ ਹੁੰਦੀ ਹੈ। ਅਜਿਹੀ ਸਥਿਤੀ ਵਿਚ ਹਰ ਸਥਾਨਕ ਸਭਿਆਚਾਰ ਦਾ ਸੰਚਿਤ ਗਿਆਨ ਅਤੇ ਅਨੁਭਵ, ਮਾਨਵ-ਜਾਤੀ ਦੀ ਸਮੁੱਚੀ ਵਿਰਾਸਤ ਨੂੰ ਅਮੀਰ ਤੇ ਭਰਪੂਰ ਬਨਾਉਣ ਵਿਚ ਸਾਰਥਕ ਯੋਗਦਾਨ ਦੇ ਸਕਦਾ ਹੈ।

ਉਪਰੋਕਤ ਸੰਦਰਭ ਵਿਚ ਜਦੋਂ ਅਸੀਂ ਗੁਰਬਾਣੀ ਦਾ ਅਧਿਐਨ ਤੇ ਵਿਸ਼ਲੇਸ਼ਣ ਕਰਦੇ ਹਾਂ ਤਾਂ ਇਹ ਗੱਲ ਸਹਿਜੇ ਹੀ ਸਪਸ਼ਟ ਹੋ ਜਾਂਦੀ ਹੈ ਕਿ ਗੁਰੂ ਗ੍ਰੰਥ ਸਾਹਿਬ ਦੇ ਬਾਣੀਕਾਰਾਂ ਨੇ ਆਪਣੇ ਵੇਲੇ ਦੇ ਸਮਾਜ-ਸਭਿਆਚਾਰ ਦੀ ਹਕੀਕਤ ਨੂੰ ਸਾਮਣੇ ਰੱਖ ਕੇ ਹੀ ਆਪਣੇ ਰੂਹਾਨੀ ਸੰਦੇਸ਼ ਦੀ ਸਿਰਜਣਾ ਕੀਤੀ ਹੈ। ਇਹ ਰੂਹਾਨੀ ਸੰਦੇਸ ਕ੍ਰਾਂਤੀਕਾਰੀ ਪ੍ਰਵਚਨ ਦੇ ਰੂਪ ਵਿਚ ਉਜਾਗਰ ਹੁੰਦਾ ਹੈ ਅਤੇ ਵੇਲੇ ਦੀ ਰਾਜਨੀਤਕ, ਆਰਥਿਕ ਅਤੇ ਸਮਾਜਿਕ ਵਿਵਸਥਾ ਹੱਥੋਂ ਪੀੜਤ ਲੋਕਾਈ ਨੂੰ ਮਾਨਵੀ ਗੌਰਵ ਅਤੇ ਸਵੈਮਾਣ ਦੇ ਸਦੀਵੀ ਪ੍ਰੇਰਣਾ ਸਰੋਤਾਂ ਨਾਲ ਜੁੜਨ ਦੀ ਚੇਤਨਾ ਜਗਾਉਂਦਾ ਹੈ। ਇਹ ਮੁਗ਼ਲ ਸਾਮੰਤਵਾਦ ਦੀ ਕੱਟੜ ਮਜ਼ਬੀ ਨੀਤੀ, ਫ਼ਿਰਕੂ ਨਫ਼ਰਤ, ਹਕੂਮਤੀ ਤਸ਼ੱਦਦ, ਆਰਥਕ ਸ਼ੋਸ਼ਣ, ਅਤੇ ਦਮਨ ਦੇ ਖ਼ਿਲਾਫ਼ ਹੀ ਆਵਾਜ਼ ਬੁਲੰਦ ਨਹੀਂ ਕਰਦਾ ਸਗੋਂ ਤੱਤਕਾਲੀਨ ਭਾਰਤੀ ਸਮਾਜ-ਸਭਿਆਚਾਰ ਵਿਚ ਪ੍ਰਚੱਲਤ ਬਾਹਮਣਵਾਦੀ ਕਰਮਕਾਂਡ ਅਤੇ ਜਾਤੀਪ੍ਰਥਾ ਦੇ ਮਾਨਵ-ਦੋਖੀ ਕਿਰਦਾਰ ਨੂੰ ਵੀ ਉਘਾੜਦਾ ਹੈ। ਇਸ ਤਰ੍ਹਾਂ ਧਾਰਮਿਕ ਵਿਤਕਰੋ, ਆਰਥਕ ਸ਼ੋਸ਼ਣ ਅਤੇ ਸਮਾਜਿਕ ਅਨਿਆਂ ਦਾ ਪੱਖ ਪੂਰਨ ਵਾਲਾ ਇਹ ਪ੍ਰਵਚਨ ਹਕੀਕੀ ਅਰਥਾਂ ਵਿਚ ਦਲਿਤ ਜਾਂ ਦਮਿਤ ਦਾ ਪ੍ਰਵਚਨ ਬਣ ਕੇ ਉਜਾਗਰ ਹੁੰਦਾ ਹੈ। ਇਸ ਤੋਂ ਇਲਾਵਾ ਗੁਰਬਾਣੀ ਦਾ ਪ੍ਰਵਚਨ ਮਾਨਵ-ਮੁਕਤੀ ਦੇ ਹਵਾਲੇ ਨਾਲ ਇਕ ਅਜਿਹੇ ਆਦਰਸ਼ ਮਨੁੱਖ ਦੀ ਸਿਰਜਣਾ ਕਰਨ ਦਾ ਉਪਰਾਲਾ ਕਰਦਾ ਹੈ ਜੋ ਨਿਜ-ਕੇਂਦ੍ਰਿਤ ਜਾਂ ਹਉਮੈ-ਧਾਰੀ ਜੀਵਨ-ਜਾਚ ਦੀ ਤੰਗ ਵਲਗਣ ਵਿਚੋਂ ਨਿਕਲ ਕੇ ਆਪੇ ਅਤੇ ਬ੍ਰਹਿਮੰਡ ਨਾਲ ਇਕਸੁਰ ਹੋ ਕੇ ਜਿਉਣ ਵਲ ਰੁਚਿਤ ਹੁੰਦਾ ਹੈ। ਇਸ ਤੋਂ ਇਲਾਵਾ ਇਹ ਮਨੁੱਖੀ ਸਮਾਜ-ਸਭਿਆਚਾਰ ਵਿਚ ਪ੍ਰਚੱਲਤ ਹਰ ਕਿਸਮ ਦੇ ਸ਼ੋਸ਼ਣ ਅਤੇ ਦਮਨ ਦੇ ਖਿਲਾਫ ਬਲੰਦ ਕਰਦਾ ਹੈ ਅਤੇ ਦੱਬੇ ਕੁਚਲੇ ਲੋਕਾਂ (ਦਲਿਤ ਵਰਗਾਂ) ਦਾ ਪੱਖ ਪੂਰਦਾ ਹੈ। ਸਮੱਸਿਆਗ੍ਰਸਤ ਦੂਸਰੇ ਸ਼ਬਦਾਂ ਵਿਚ ਮਨੁੱਖ ਮਨੁੱਖ ਵਿਚਕਾਰ ਮਸਨੂਈ ਵਿਤਕਰਿਆਂ ਨੂੰ ਰੂਹਾਨੀ ਧਰਾਤਲ ਉੱਤੇ ਨਕਾਰਨ ਵਾਲਾ ਇਹ ਪ੍ਰਵਚਨ ਕਿਸੇ ਕਿਸਮ ਦੀ ਪਾਰਗਾਮੀ ਜਾਂ ਨਿਰੋਲ ਵਿਅਕਤੀਗਤ ਮੁਕਤੀ ਦਾ ਸਿਧਾਂਤ ਨਹੀਂ ਪੇਸ਼ ਕਰਦਾ ਸਗੋਂ ਸਮਾਜਿਕ ਵਿਵਸਥਾ ਦੇ ਸਮੱਸਿਆਸਤ ਪਾਸਾਰ ਨਾਲ ਵੀ ਡੂੰਘਾ ਸਰੋਕਾਰ ਜੋੜਦਾ ਹੈ। ਇਸੇ ਵਿਚ ਹੀ ਗੁਰਬਾਣੀ ਦੀ ਸਮਕਾਲੀਨ ਸਾਰਥਕਤਾ ਅਤੇ ਪਾਸੰਗਿਕਤਾ ਦਾ ਰਹੱਸ ਛੁਪਿਆ ਹੋਇਆ ਹੈ।

ਬੁਨਿਆਦੀ ਤੌਰ ਤੋਂ ਗੁਰੂ ਗ੍ਰੰਥ ਸਾਹਿਬ ਦੀ ਸਮਕਾਲੀਨ ਸਾਰਥਿਕਤਾ ਅਤੇ ਪਾਸੰਗਿਕਤਾ ਦੇ ਤਿੰਨ ਮੁੱਖ ਪਹਿਲੂ ਹਨ। ਇਸਦਾ ਇਕ ਪਹਿਲੂ ਵਿਅਕਤੀਗਤ ਜੀਵਨ ਜਾਚ ਨਾਲ ਸੰਬੰਧ ਰੱਖਦਾ ਹੈ, ਦੂਸਰਾ ਸਮਾਜਿਕ ਪ੍ਰਬੰਧ ਨਾਲ ਅਤੇ ਤੀਸਰਾ ਧਰਤ ਮੰਡਲ ਦੇ ਕਿਰਤਕ ਵਾਯੂਮੰਡਲ। ਇਨ੍ਹਾਂ ਤਿੰਨਾਂ ਪਹਿਲੂਆਂ ਨੂੰ ਸਨਮੁਖ ਰੱਖਦਿਆਂ ਇਸਦੀ ਪ੍ਰਵਚਨਗਰ ਸਾਰਥਕਤਾ ਦਾ ਮਹੱਤਵ ਉਜਾਗਰ ਕੀਤਾ ਜਾ ਸਕਦਾ

ਹੈ।[iv] ਸਭ ਤੋਂ ਪਹਿਲਾਂ ਵਿਅਕਤੀਗਤ ਪਹਿਲੂ ਬਾਰੇ ਗੱਲ ਕੀਤੀ ਜਾ ਸਕਦੀ ਹੈ। ਗੁਰਬਾਣੀ ਦੇ ਰਚਨਾ-ਸੰਸਾਰ ਵਿੱਚ ਮਨੁੱਖ ਦੀ ਹੋਂਦ-ਵਿਧੀ ਨੂੰ ਨੈਤਿਕ ਅਤੇ ਅਧਿਆਤਮਕ ਕਦਰਾਂ-ਕੀਮਤਾਂ ਦੇ ਅਨੁਕੂਲ ਢਾਲਣ ਦੀ ਅਜਿਹੀ ਚੇਤਨਾ ਦਿਸ਼ਟੀ ਗੋਚਰ ਹੁੰਦੀ ਹੈ ਜਿਸਦਾ ਕੇਂਦਰ-ਬਿੰਦੂ ਪਰਮ-ਸੱਚ ਅਤੇ ਪਰਮਾਰਥ ਹੈ। ਇਹ ਮਨੁੱਖੀ ਹੋਂਦ ਨੂੰ ਪਰਮ-ਯਥਾਰਥ (ਬ੍ਰਹਮ/ਪਾਰਬ੍ਰਹਮ) ਦੇ ਨੁਕਤੇ ਤੋਂ ਪਰਿਭਾਸ਼ਿਤ ਕਰਨ ਵਲ ਰੁਚਿਤ ਹੁੰਦਾ ਹੈ। ਇਸਨੂੰ ਅਸੀਂ ਮਨੁੱਖੀ ਹੋਂਦ ਦੀ ਅਰਥ ਸਾਰਥਕਤਾ ਸਥਾਪਿਤ ਕਰਨ ਵਾਲਾ ਬ੍ਰਹਿਮੰਡੀ ਪਰਿਪੇਖ ਆਖ ਸਕਦੇ ਹਾਂ। ਇਸ ਮੰਤਵ ਲਈ ਗੁਰੂ ਨਾਨਕ ਬਾਣੀ ਦੀਆਂ ਨਿਮਨ-ਅੰਕਿਤ ਪੰਗਤੀਆਂ ਦਿਸਟੀਗੋਚਰ ਕੀਤੀਆਂ ਜਾ ਸਕਦੀਆਂ ਹਨ :

ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤਾ ਹੁਕਮਿ ਪਇਆ ਗਰਭਾਸਿ॥
ਉਰਧ ਤਪੁ ਅੰਤਰਿ ਕਰੇ ਵਣਜਾਰਿਆ ਮਿਤਾ ਖਸਮ ਸੇਤੀ ਅਰਦਾਸਿ॥
ਖਸਮ ਸੇਤੀ ਅਰਦਾਸਿ ਵਖਾਣੈ ਉਰਧ ਧਿਆਨਿ ਲਿਵ ਲਾਗਾ॥
ਨਾ ਮਰਜਾਦੁ ਆਇਆ ਕਲਿ ਭੀਤਰਿ ਬਾਹੁੜਿ ਜਾਸੀ ਨਾਗਾ॥
ਜੈਸੀ ਕਲਮ ਵੜੀ ਹੈ ਮਸਤਕਿ ਤੈਸੀ ਜੀਅੜੇ ਪਾਸਿ॥
ਕਹੁ ਨਾਨਕ ਪਾਣੀ ਪਹਿਲੈ ਪਹਰੈ ਹੁਕਮਿ ਪਇਆ ਗਰਭਾਸਿ॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੭੪-੭੫)

ਇਹ ਬਾਣੀ "ਪਹਿਰੇ ਦੇ ਸਿਰਲੇਖ ਹੇਠਾਂ ਗੁਰੂ ਗ੍ਰੰਥ ਸਾਹਿਬ ਦਰਜ ਹੈ। ਇਸ ਵਿੱਚ ਮਨੁੱਖੀ ਜੀਵਨ ਨੂੰ ਉਸਦੀ ਹੋਂਦ-ਮੁਖੀ ਸਮੁੱਚਤਾ ਵਿੱਚ ਰੱਖ ਕੇ ਦੇਖਣ ਦਾ ਉਪਰਾਲਾ ਕੀਤਾ ਗਿਆ ਹੈ। ਦਿਨ ਦੇ ਚਾਰ ਪਹਿਰ ਇਸਦਾ ਸੂਝ ਮਾਡਲ ਹੈ। ਪਹਿਲਾ ਪਹਿਰ ਮਨੁੱਖ ਦੇ ਜਨਮ ਧਾਰਣ ਦਾ ਹੈ ਜਿਸ ਉੱਪਰ ਉਸਦਾ ਆਪਣਾ ਕੋਈ ਅਧਿਕਾਰ ਨਹੀਂ ਸਗੋਂ ਰਹੱਸ-ਮਈ ਦੈਵੀ ਵਿਧਾਨ ਦੇ ਅੰਤਰਗਤ ਹੀ ਉਸਨੂੰ ਇਹ ਜਨਮ ਪ੍ਰਾਪਤ ਹੁੰਦਾ ਹੈ। ਸਮੂਹ ਧਾਰਮਿਕ ਪ੍ਰਬੰਧਾਂ ਵਾਂਗ ਗੁਰਬਾਣੀ ਦਾ ਪ੍ਰਵਚਨ ਵੀ ਮਨੁੱਖ ਹੋਂਦ ਦੀ ਵਿਆਖਿਆ ਕਰਨ ਅਤੇ ਇਸਨੂੰ ਅਰਥ-ਸਾਰਥਕਤਾ ਪ੍ਰਦਾਨ ਕਰਨ ਲਈ ਇਸ ਕਿਸਮ ਦੀਆਂ ਪ੍ਰਾਭੌਤਿਕ ਸੰਕਲਪਨਾਵਾਂ ਦਾ ਸਹਾਰਾ ਲੈਂਦਾ ਹੈ। ਜਿਨ੍ਹਾਂ ਦੇ ਅੰਤਰੀਵ ਵਿੱਚ ਡੂੰਘੇ ਪ੍ਰਤੀਕਾਤਮਕ ਅਰਥ ਛੁਪੇ ਹੁੰਦੇ ਹਨ। ਇੱਥੇ ਵੀ ਇਸੇ ਜੁਗਤ ਦੀ ਵਰਤੋਂ ਕੀਤੀ ਗਈ ਹੈ। ਜਨਮ ਧਾਰਣ ਤੋਂ ਬਾਦ ਮਨੁੱਖੀ ਜੀਵਨ ਦਾ ਦੂਸਰਾ ਪੜਾਉ ਸਾਮਣੇ ਆਉਂਦਾ ਹੈ ਜਿਸ ਵਿੱਚ ਉਸਦਾ ਪਾਲਨ-ਪੋਸ਼ਣ ਹੁੰਦਾ ਹੈ ਅਤੇ ਰਿਸ਼ਤੇ ਨਾਤਿਆਂ ਵਿੱਚ ਘਿਰਿਆ ਉਹ ਇਸੇ ਬੇਖ਼ੁਦੀ ਵਿੱਚ ਜੀਵਨ ਬਿਤਾਉਣ ਲੱਗਦਾ ਹੈ :

ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਵਿਸਰਿ ਗਇਆ ਧਿਆਨੁ॥
ਹਥੋ ਹਥਿ ਨਚਾਈਐ ਵਣਜਾਰਿਆ ਮਿਤ੍ਰਾ ਜਿਉ ਜਸੁਦਾ ਘਰਿ ਕਾਨੁ॥
ਹਥੋ ਹਥਿ ਨਚਾਈਐ ਪ੍ਰਾਣੀ ਮਾਤ ਕਹੈ ਸੁਤੁ ਮੇਰਾ॥
ਚੇਤਿ ਅਚੇਤ ਮੂੜ ਮਨ ਮੇਰੇ ਅੰਤਿ ਨਹੀ ਕਛੁ ਤੇਰਾ॥
ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਮਨ ਭੀਤਰਿ ਧਰਿ ਗਿਆਨੁ॥
ਕਹੁ ਨਾਨਕ ਪ੍ਰਾਣੀ ਦੂਜੈ ਪਹਰੈ ਵਿਸਰਿ ਗਇਆ ਧਿਆਨੁ॥੨॥

(ਗੁਰੂ ਗ੍ਰੰਥ ਸਾਹਿਬ, ਪੰਨਾ-੭੫)

ਇਸੇ ਤਰ੍ਹਾਂ ਦਿਨ ਦੇ ਤੀਸਰੇ ਅਤੇ ਚੌਥੇ ਪਹਿਰ ਦੇ ਰੂਪਕ ਰਾਹੀਂ ਮਨੁੱਖ ਦੀ ਅਗਲੇਰੀ ਜੀਵਨ-ਯਾਤਰਾ ਦਾ ਵਰਣਨ ਕੀਤਾ ਗਿਆ ਹੈ। ਇਨ੍ਹਾਂ ਪੰਗਤੀਆਂ ਵਿੱਚ ਮਨੁੱਖੀ ਹੋਂਦ ਦੀ ਜੀਵਾਤਮਕ ਅਤੇ ਸਮਾਜ-ਸਭਿਆਚਾਰਕ ਸਥਿਤੀ ਨੂੰ ਮੁੱਖ ਰੱਖਿਆ ਗਿਆ ਹੈ। ਜਨਮ ਤੋਂ ਲੈ ਕੇ ਮੌਤ ਤਕ ਦੇ ਇਸ ਸਫ਼ਰ ਦਾ ਬਿਰਤਾਂਤ ਅਸਲ ਵਿੱਚ ਜੀਵਨ ਦੀ ਸਾਰਥਕਤਾ ਨੂੰ ਪਛਾਨਣ ਦਾ ਅਹਿਸਾਸ ਕਰਾਉਂਦਾ ਹੈ :

ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਧਨ ਜੋਬਨ ਸਿਉ ਚਿਤੁ॥
ਹਰਿ ਕਾ ਨਾਮੁ ਨ ਚੇਤਹੀ ਵਣਜਾਰਿਆ ਮਿਤ੍ਰਾ ਬਧਾ ਛੁਟਹਿ ਜਿਤੁ॥
ਹਰਿ ਕਾ ਨਾਮੁ ਨ ਚੇਤੈ ਪਾਣੀ ਬਿਕਲੁ ਭਇਆ ਸੰਗਿ ਮਾਇਆ॥
ਧਨ ਸਿਉ ਰਤਾ ਜੋਬਨਿ ਮਤਾਅਹਿਲਾ ਜਨਮੁ ਗਵਾਇਆ॥
ਧਰਮ ਸੇਤੀ ਵਾਪਾਰੁ ਨ ਕੀਤੋ ਕਰਮੁ ਨ ਕੀਤੋ ਮਿਤੁ॥
ਕਹੁ ਨਾਨਕ ਤੀਜੈ ਪਹਰੈ ਪਾਣੀ ਧਨ ਜੋਬਨ ਸਿਉ ਚਿਤੁ॥੩॥
ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਲਾਵੀ ਆਇਆ ਖੇਤੁ॥
ਜਾ ਜਮਿ ਪਕੜਿ ਚਲਾਇਆਵਣਜਾਰਿਆ ਮਿਤਾ ਕਿਸੈ ਨ ਮਿਲਿਆ ਭੇਤੁ॥

ਭੇਤੁ ਚੇਤੁ ਹਰਿ ਕਿਸੈ ਨ ਮਿਲਿਓ ਜਾ ਜਮਿ ਪਕੜਿ ਚਲਾਇਆ॥
ਝੂਠਾ ਰੁਦਨੁ ਹੋਆ ਦੁਆਲੈ ਖਿਨ ਮਹਿ ਭਇਆ ਪਰਾਇਆ॥
ਸਾਈ ਵਸਤੁ ਪਰਾਪਤਿ ਹੋਈ ਜਿਸੁ ਸਿਉ ਲਾਇਆ ਹੇਤੁ॥
ਕਹੁ ਨਾਨਕ ਪਾਣੀ ਚਉਥੈ ਪਹਰੈ ਲਾਵੀ ਲੁਣਿਆ ਖੇਤੁ॥੪॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੭੫)

ਇਸੇ ਕਿਸਮ ਦੀ ਸਥਿਤੀ ਦਾ ਨਿਰੂਪਣ ਗੁਰੂ ਗ੍ਰੰਥ ਸਾਹਿਬ ਦੀਆਂ ਇਨ੍ਹਾਂ ਪੰਗਤੀਆਂ ਵਿੱਚ ਵੀ ਸਾਮਣੇ ਆਉਂਦਾ ਹੈ ਜੋ ਮਨੁੱਖੀ ਹੋਂਦ ਦੀ ਕਾਲ-ਯਾਤਰਾ ਦੇ ਹਵਾਲੇ ਨਾਲ ਇਸੇ ਅਹਿਸਾਸ ਨੂੰ ਦ੍ਰਿੜ੍ਹ ਕਰਦੀਆਂ ਹਨ :

ਦਸ ਬਾਲਤਣਿ ਬੀਸ ਰਵਣਿ ਤੀਸਾ ਕਾ ਸੁੰਦਰੁ ਕਹਾਵੈ॥
ਚਾਲੀਸੀ ਪੁਰੁ ਹੋਇ ਪਚਾਸੀ ਪਗੁ ਖਿਸੈ ਸਠੀ ਕੇ ਬੋਢੇਪਾ ਆਵੈ॥
ਸਤਰਿ ਕਾ ਮਤਿਹੀਣੁ ਅਸੀਹਾਂ ਕਾਵਿਉਹਾਰੁ ਨ ਪਾਵੈ॥
ਨਵੈ ਕਾ ਸਿਹਜਾਸਣੀ ਮੂਲਿ ਨ ਜਾਣੈ ਅਪ ਬਲੁ॥
ਢੰਢੋਲਿਮੁ ਢੂਢਿਮੁ ਡਿਠੁ ਮੈ ਨਾਨਕ ਜਗੁ ਧੂਏ ਕਾ ਧਵਲਹਰੁ॥੩॥

(ਗੁਰੂ ਗ੍ਰੰਥ ਸਾਹਿਬ ਪੰਨਾ-੧੩੮)

ਇਨ੍ਹਾਂ ਪੰਗਤੀਆਂ ਵਿੱਚ ਵੀ ਮੌਤ ਦੀ ਅਨਿਸ਼ਚਿਤਤਾ ਅਤੇ ਅਟੱਲਤਾ ਦਾ ਅਹਿਸਾਸ ਜਗਾਇਆ ਗਿਆ ਹੈ। ਇਸ ਵਿੱਚ ਕਿਸੇ ਕਿਸਮ ਦੇ ਨਿਰਾਸ਼ਾਵਾਦ ਲਈ ਕੋਈ ਥਾਂ ਨਹੀਂ। ਇਥੇ ਤਾਂ ਸਮਾਂ ਰਹਿੰਦਿਆਂ ਜੀਵਨ ਦੀ ਸਾਰਥਕਤਾ ਪਛਾਨਣ ਉੱਤੇ ਹੀ ਬਲ ਦਿੱਤਾ ਗਿਆ ਹੈ। ਮਨੁੱਖ ਦਾ ਸਭ ਤੋਂ ਵੱਡਾ ਸੰਕਟ, ਸਭ ਤੋਂ ਵੱਡਾ ਰੋਗ ਪਰਮਾਰਥ ਦੀ ਚੇਤਨਾ ਤੋਂ ਸਖਣਾ ਨਿਰੋਲ ਹਉਮੈ ਆਧਾਰਿਤ ਜੀਵਨ ਜਿਉਣਾ ਮੰਨਿਆਂ ਗਿਆ ਹੈ। ਇਸ ਮੰਤਵ ਲਈ ਅਸੀਂ ਗੁਰੂ ਅਰਜਨ ਦੇਵ ਦੀਆਂ ਇਹ ਪੰਗਤੀਆਂ ਪੇਸ਼ ਹਨ :

ਹਉਮੈ ਰੋਗੁ ਮਾਨੁਖ ਕਉ ਦੀਨਾ॥ ਕਾਮ ਰੋਗਿ ਮੈਗਲੁ ਬਸਿ ਲੀਨਾ॥
ਦ੍ਰਿਸ਼ਟੀ ਰੋਗਿ ਪਚਿ ਮੁਏ ਪਤੰਗਾ ਨਾਦ ਰੋਗਿ ਖਪਿ ਗਏ ਕੁਰੰਗਾ॥੧॥
ਜੋ ਜੋ ਦੀਸੈ ਸੋ ਸੋ ਰੋਗੀ॥ ਰੋਗ ਰਹਿਤ ਮੇਰਾ ਸਤਿਗੁਰੁ ਜੋਗੀ॥੧॥ ਰਹਾਉ ॥
ਜਿਹਵਾ ਰੋਗਿ ਮੀਨੁ ਗ੍ਰਸਿਆਨੋ॥ ਬਾਸਨ ਰੋਗਿ ਭਵਰੁ ਬਿਨਸਾਨੋ॥
ਹੇਤ ਰੋਗ ਕਾ ਸਗਲ ਸੰਸਾਰਾ॥ ਤ੍ਰਿਬਿਧਿ ਰੋਗ ਮਹਿ ਬਧੇ ਬਿਕਾਰਾ॥੨॥
ਰੋਗੇ ਮਰਤਾਰੋਗੇ ਜ਼ਨਮੈਂ॥ ਘਰੋਗੇ ਫਿਰਿ ਫਿਰਿ ਜੋਨੀ ਭਰਮੈ॥
ਰੋਗ ਬੰਧ ਰਹਨੁ ਰਤੀ ਨ ਪਾਵੈ ॥ ਬਿਨੁ ਸਤਿਗੁਰ ਰੋਗੁ ਕਤਹਿ ਨ ਜਾਵੈ॥੩॥
ਪਾਰਬ੍ਰਹਮਿ ਜਿਸੁ ਕੀਨੀ ਦਇਆ॥ ਬਾਹ ਪਕੜਿ ਰੋਗਹੁ ਕਢਿ ਲਇਆ॥
ਤੁਟੇ ਬੰਧਨ ਸਾਧਸੰਗੁ ਪਾਇਆ ॥ ਕਹੁ ਨਾਨਕ ਗੁਰਿ ਰੋਗੁ ਮਿਟਾਇਆ॥੪॥੭॥੨॥

(ਗੁਰੂ ਗ੍ਰੰਥ ਸਾਹਿਬ ਪੰਨਾ-੧੪੩)

ਇਸ ਹਉਮੈ-ਆਧਾਰਿਤ ਜੀਵਨ ਵਿਧੀ ਦੀ ਥਾਵੇਂ ਗੁਰਬਾਣੀ ਵਿੱਚ ਹੁਕਮ ਆਧਾਰਿਤ ਜੀਵਨ-ਵਿਧੀ ਦੇ ਮਹੱਤਵ ਨੂੰ ਉਜਾਗਰ ਕੀਤਾ ਗਿਆ ਹੈ। ਇਸ ਗੱਲ ਦਾ ਸਰਬੋਤਮ ਪ੍ਰਗਟਾਵਾ 'ਜਪੁ' ਦੀਆਂ ਨਿਮਨ-ਅੰਕਿਤ ਪੰਗਤੀਆਂ ਵਿੱਚ ਹੋਇਆ ਹੈ :

ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ॥
ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ॥
ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ॥
ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ॥
ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ॥
ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ ੧)

ਇਸ ਹੁਕਮ-ਆਧਾਰਿਤ ਜੀਵਨ-ਵਿਧੀ ਦਾ ਅਰਥ ਹੈ ਬ੍ਰਹਮੰਡੀ ਚੇਤਨਾ ਅਤੇ ਪਰਮਾਰਥ-ਬੋਧ ਦਾ ਜੀਵਨ ਜਿਸ ਵਿੱਚ ਆਪਣੇ ਪਰਾਏ ਦਾ ਫਰਕ ਮਿਟ ਜਾਂਦਾ ਹੈ ਅਤੇ ਮਨੁੱਖ ਸਭ ਨੂੰ ਮਿੱਤਰ-ਭਾਵਨਾ ਨਾਲ ਦੇਖਦਾ ਹੈ। ਇਸ ਕਿਸਮ ਦੀ ਚੇਤਨਾ ਮਨੁੱਖ ਨੂੰ ਆਪੇ ਅਤੇ

ਬ੍ਰਹਿਮੰਡ ਨਾਲ ਇਕਸੁਰ ਹੋ ਕੇ ਜਿਉਣ ਦੀ ਜਾਚ ਸਿਖਾਉਂਦੀ ਹੈ। ਇਹ ਸਹਿਜ ਅਤੇ ਟਿਕਾਉ, ਸਬਰ ਅਤੇ ਸੰਤੋਖ ਵਾਲੇ ਜੀਵਨ ਦਾ ਲਖਾਇਕ ਹੈ ਜਿਸਦੀ ਅਜੋਕੇ ਸੰਦਰਭ ਵਿੱਚ ਹੋਰ ਵੀ ਵਧੇਰੇ ਲੋੜ ਹੈ। ਵਿਸ਼ਵੀਕਰਣ ਅਤੇ ਪੂੰਜੀ ਦੀ ਸਰਦਾਰੀ ਸਥਾਪਿਤ ਕਰਨ ਵਾਲਾ ਅਜੋਕੇ ਦੌਰ ਸਾਨੂੰ ਖਪਤ-ਵਸਤਾਂ ਦੀ ਚਮਕ-ਦਮਕ ਦਿਖਾ ਕੇ ਨਿਰੋਲ ਭੌਤਿਕ ਸੁਖਾਂ ਦੀ ਪ੍ਰਾਪਤੀ ਦੇ ਰਾਹ ਤੋਰ ਰਿਹਾ ਹੈ। ਇਹ ਵਿਵਸਥਾ ਮਨੁੱਖ ਨੂੰ ਹੋਰਨਾਂ ਵਸਤਾਂ ਵਾਂਗ ਬਾਜ਼ਾਰ ਦੀ ਇਕ ਵਸਤ ਬਣਾਉਣਾ ਲੋੜਦੀ ਹੈ। ਇਸੇ ਭਰਮ-ਜਾਲ ਵਿੱਚ ਫਸ ਕੇ ਅਜੋਕਾ ਮਨੁੱਖ ਹਰ ਹੀਲੇ ਅਮੀਰ ਤੇ ਸਫਲ ਹੋਣ ਲਈ ਮੁਕਾਬਲੇ ਦੀ ਅੰਨੀ ਦੌੜ ਵਿੱਚ ਪਿਆ ਹੋਇਆ ਹੈ ਜਿਸ ਨਾਲ ਉਸਦਾ ਵਾਸਤਵਿਕ ਅਮਨ-ਚੈਨ ਕਿਧਰੇ ਗੁਆਚਦਾ ਜਾ ਰਿਹਾ ਹੈ। ਗੁਰਬਾਣੀ ਅਜੋਕੀ ਵਿਵਸਥਾ ਹੱਥੋਂ ਹੋ ਰਹੇ ਮਨੁੱਖ ਦੇ ਅਮਾਨਵੀਕਰਣ ਅਤੇ ਮਸ਼ੀਨੀਕਰਣ ਦਾ ਢੁਕਵਾਂ ਤਿ-ਉੱਤਰ ਪ੍ਰਦਾਨ ਕਰਦੀ ਹੈ। ਇਹ ਧਨ-ਪਦਾਰਥਾ ਅਤੇ ਸੁਖ-ਸਹੂਲਤਾਂ ਨੂੰ ਨਕਾਰਦੀ ਨਹੀਂ ਸਗੋਂ ਉਨ੍ਹਾਂ ਦਾ ਉਚਿਤ ਉਪਯੋਗ ਕਰਨ ਦੀ ਚੇਤਨਾ ਜਗਾਉਂਦੀ ਹੈ। ਮਿਸਾਲ ਵਜੋਂ ਗੁਰੂ ਨਾਨਕ ਬਾਣੀ ਦੀਆਂ ਨਿਮਨ ਅੰਕਿਤ ਪੰਗਤੀਆਂ ਪੇਸ਼ ਹਨ :

ਮੋਤੀ ਤ ਮੰਦਰ ਊਸਰਹਿ ਰਤਨੀ ਤ ਹੋਹਿ ਜੜਾਉ॥
ਕਸਤੂਰਿ ਕੁੰਗੂ ਅਗਰਿ ਚੰਦਨਿ ਲੀਪਿ ਆਵੈ ਚਾਉ॥
ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੧॥
ਹਰਿ ਬਿਨੁ ਜੀਉ ਜਲਿ ਬਲਿ ਜਾਉ॥
ਮੈਂ ਆਪਣਾ ਗੁਰੁ ਪੂਛਿ ਦੇਖਿਆ ਅਵਰੁ ਨਾਹੀ ਥਾਉ॥੧॥ ਰਹਾਉ॥
ਧਰਤੀ ਤ ਹੀਰੇ ਲਾਲ ਜੜਤੀ ਪਲਘਿ ਲਾਲ ਜੜਾਉ॥
ਮੋਹਣੀ ਮੁਖਿ ਮਣੀ ਸੋਹੈ ਕਰੇ ਰੰਗਿ ਪਸਾਉ॥
ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੨॥
ਸਿਧੁ ਹੋਵਾ ਸਿਧਿ ਲਾਈ ਰਿਧਿ ਆਖਾ ਆਉ॥
ਗੁਪਤੁ ਪਰਗਟੁ ਹੋਇ ਬੈਸਾ ਲੋਕੁ ਰਾਖੈ ਭਾਉ॥
ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੩॥
ਸੁਲਤਾਨੁ ਹੋਵਾ ਮੇਲਿ ਲਸਕਰ ਤਖਤਿ ਰਾਖਾ ਪਾਉ॥
ਹੁਕਮੁ ਹਾਸਲੁ ਕਰੀ ਬੈਠਾ ਨਾਨਕਾ ਸਭ ਵਾਉ॥
ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੪॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੧੪)

ਇਥੇ ਪਦਾਰਥਕ ਸੁਖਾਂ ਅਤੇ ਨੈਤਿਕ ਅਧਿਆਤਮਕ ਪ੍ਰਾਪਤੀ ਦੇ ਨਾਲ ਨਾਲ ਰਾਜਨੀਤਕ ਸੱਤਾ ਦੀ ਪ੍ਰਾਪਤੀ ਦਾ ਜ਼ਿਕਰ ਵੀ ਕੀਤਾ ਗਿਆ ਹੈ ਅਤੇ ਕਿਸੇ ਨੂੰ ਵੀ ਨਿੰਦਿਆ ਨਹੀਂ ਗਿਆ ਫਰਕ ਸਿਰਫ ਇੰਨਾ ਹੈ ਕਿ ਇਨ੍ਹਾਂ ਪ੍ਰਾਪਤੀਆਂ ਨੂੰ ਜੀਵਨ ਦੀ ਅੰਤਿਮ ਪ੍ਰਾਪਤੀ ਮੰਨ ਲੈਣਾ ਭੁੱਲ ਹੈ। ਅਜਿਹੀ ਸਥਿਤੀ ਲਈ ਨੈਤਿਕ ਚੇਤਨਾ ਅਤੇ ਅਧਿਆਤਮਕ ਜਾਗ੍ਰਿਤੀ ਦੀ ਜ਼ਰੂਰਤ ਹੈ ਜੋ ਮਨੁੱਖ ਨੂੰ ਸੰਤੁਲਿਤ ਜੀਵਨ ਜਾਚ ਰਾਹੀਂ ਹੀ ਪ੍ਰਾਪਤ ਹੋ ਸਕਦੀ ਹੈ।

ਇਸ ਤੋਂ ਬਾਦ ਅਸੀਂ ਗੁਰੂ ਗ੍ਰੰਥ ਸਹਿਬ ਦੀ ਸਮਕਾਲੀਨ ਪ੍ਰਾਸੰਗਿਕਤਾ ਦੇ ਸਮਾਜਿਕ ਪਹਿਲੂ ਬਾਰੇ ਚਰਚਾ ਕਰ ਸਕਦੇ ਹਾਂ। ਸਭ ਤੋਂ ਪਹਿਲਾਂ ਗੁਰਬਾਣੀ ਵਿਚ ਪੇਸ਼ ਹੋਏ ਦਲਿਤ ਜਾਂ ਦਮਿਤ (oppressed) ਮਨੁੱਖ ਦੀ ਗੱਲ ਕੀਤੀ ਜਾ ਸਕਦੀ ਹੈ। ਭਾਰਤੀ ਪ੍ਰਸੰਗ ਵਿਚ ਦਲਿਤ ਦਾ ਸੰਕਲਪ ਭਾਵੇਂ ਅਜੋਕੇ ਸਮੇਂ ਹੀ ਹੋਂਦ ਵਿਚ ਆਇਆ ਹੈ ਪਰ ਇਸ ਦੀ ਨਿਸ਼ਾਨਦੇਹੀ ਮੁੱਖ ਤੌਰ ਤੇ ਪੁਰਾਤਨ ਕਾਲ ਤੋਂ ਪ੍ਰਚੱਲਤ ਬ੍ਰਾਹਮਣਵਾਦੀ ਜਾਤੀ-ਪ੍ਰਥਾ ਦੇ ਹਵਾਲੇ ਨਾਲ ਕੀਤੀ ਜਾਂਦੀ ਹੈ। ਇਸ ਪ੍ਰਥਾ ਦੇ ਅੰਤਰਗਤ ਮਨੁੱਖੀ ਸਮਾਜ ਨੂੰ ਜਾਤ ਦੇ ਆਧਾਰ ਉੱਤੇ ਉੱਤਮ/ਨੀਚ (ਕੁਲੀਨ/ਦਲਿਤ) ਦੀ ਦਰਜੇਬੰਦੀ ਅਨੁਸਾਰ ਵੰਡਿਆ ਜਾਂਦਾ ਰਿਹਾ ਹੈ। ਇਹ ਸਮਾਜਿਕ ਨਿਆਂ ਦੀ ਉੱਘੜਵੀਂ ਮਿਸਾਲ ਮੰਨੀ ਜਾ ਸਕਦੀ ਹੈ। ਪਰ ਦਲਿਤ ਜਾਂ ਦਮਿਤ ਮਨੁੱਖ ਦਾ ਇਹ ਸੰਕਲਪ ਅੱਜ ਸਿਰਫ਼ ਭਾਰਤੀ ਸਮਾਜ ਤਕ ਸੀਮਿਤ ਨਹੀਂ ਸਗੋਂ ਵਿਸ਼ਵ ਵਿਆਪੀ ਅਰਥ ਹਿਣ ਕਰ ਗਿਆ ਹੈ। ਜਦੋਂ ਅਸੀਂ ਦੁਨੀਆਂ ਦੇ ਸਮਕਾਲੀ ਦ੍ਰਿਸ਼ ਉੱਤੇ ਨਜ਼ਰ ਮਾਰਦੇ ਹਾਂ ਤਾਂ ਮਨੁੱਖ ਦੀ ਦਲਿਤ ਸਥਿਤੀ ਦੇ ਇਸੇ ਕਿਸਮ ਦੇ ਅਨੇਕਾਂ ਪ੍ਰਮਾਣ ਮਿਲ ਜਾਂਦੇ ਹਨ। ਦੁਨੀਆਂ ਦੇ ਕੋਨੇ ਕੋਨੇ ਉੱਤੇ ਵਸੇ ਹੋਏ ਸਮੂਹ ਮਨੁੱਖੀ ਭਾਈਚਾਰੇ ਅੱਜ ਵਿਕਸਿਤ ਸਰਮਾਏਦਾਰੀ ਅਰਥ-ਵਿਵਸਥਾ ਤੋਂ ਪ੍ਰਭਾਵਿਤ ਹਨ। ਇਸ ਨਵ-ਵਿਕਸਿਤ ਵਿਸ਼ਵ ਵਿਵਸਥਾ ਨੇ ਸ਼ੋਸ਼ਣ, ਦਮਨ, ਵਿਤਕਰੇ ਅਤੇ ਅਨਿਆਂ ਦੇ ਅਨੇਕਾਂ ਨਵੇਂ ਢੰਗ ਤਰੀਕੇ ਈਜਾਦ ਕਰ ਲਏ ਹਨ। ਗੁਰਬਾਣੀ ਦਾ ਪਾਠ-ਪ੍ਰਬੰਧ ਅਤੇ ਪ੍ਰਵਚਨ ਵੀ ਕੁਝ ਇਸੇ ਕਿਸਮ ਦੀਆਂ ਸਥਿਤੀਆਂ ਦੇ ਰੂ-ਬਰੂ ਹੋ ਕੇ ਆਪਣਾ ਬੋਲ ਉਚਾਰਦਾ ਹੈ।

ਗੁਰਬਾਣੀ ਦੇ ਪ੍ਰਵਚਨ ਵਿਚ ਜਾਤੀਪ੍ਰਥਾ ਹੱਥੋਂ ਪੀੜਤ ਲੋਕਾਈ ਦੀ ਸਥਿਤੀ ਨੂੰ ਸਪਸ਼ਟ ਸ਼ਬਦਾਂ ਵਿਚ ਉਘਾੜਿਆ ਗਿਆ ਹੈ। ਇਸ ਪ੍ਰਵਚਨ ਦਾ ਨਿਰਮਾਨ ਕਰਨ ਵਾਲਿਆਂ ਵਿਚ ਭਗਤ ਕਬੀਰ, ਭਗਤ ਨਾਮਦੇਵ, ਅਤੇ ਭਗਤ ਰਵਿਦਾਸ ਵਰਗੇ ਬਾਣੀਕਾਰ ਵੀ ਹਨ ਜੋ ਖ਼ੁਦ ਇਨ੍ਹਾਂ ਦਲਿਤ ਜਾਤੀਆਂ ਵਿਚੋਂ ਹਨ। ਉਹ ਆਪਣੀ ਦਲਿਤ-ਸਥਿਤੀ ਬਾਰੇ ਨਾ ਸਿਰਫ਼ ਪੂਰੀ ਤਰ੍ਹਾਂ ਸੁਚੇਤ ਹਨ ਸਗੋਂ ਇਸ ਨੂੰ ਕਿਸੇ ਕਿਸਮ ਦੀ ਨਮੋਸ਼ੀ ਦਾ ਕਾਰਣ ਨਹੀਂ ਸਮਝਦੇ। ਮਿਸਾਲ ਵਜੋਂ ਭਗਤ ਰਵਿਦਾਸ ਜੀ ਦੀ ਬਾਣੀ ਦੀਆਂ ਇਹ ਪੰਗਤੀਆਂ ਦੇਖੀਆਂ ਜਾ ਸਕਦੀਆਂ ਹਨ :

ਮੇਰੀ ਜਾਤਿ ਕੁਟ ਬਾਂਢਲਾ ਢੋਰ ਢੋਵੰਤਾ ਨਿਤਹਿ ਬਾਨਾਰਸੀ ਆਸ ਪਾਸਾ॥
ਅਬ ਬਿਪ੍ਰ ਪਰਧਾਨ ਤਿਹਿ ਕਰਹਿ ਡੰਡਉਤਿ ਤੇਰੇ ਨਾਮ ਸਰਣਾਇ ਰਵਿਦਾਸੁ ਦਾਸਾ।

(ਗੁਰੂ ਗ੍ਰੰਥ ਸਾਹਿਬ, ਪੰਨਾ-੧੨੯੩)

ਇਸੇ ਤਰ੍ਹਾਂ ਇਕ ਹੋਰ ਪ੍ਰਮੁੱਖ ਬਾਣੀਕਾਰ ਭਗਤ ਨਾਮਦੇਵ ਜੀ ਨੇ ਵੀ ਨਿਮਨ-ਅੰਕਿਤ ਪੰਗਤੀਆਂ ਵਿਚ ਆਪਣੀ ਦਲਿਤ ਸਥਿਤੀ ਦੀ ਚੇਤਨਾ ਨੂੰ ਹੀ ਪ੍ਰਗਟਾਇਆ ਹੈ :

ਹਸਤ ਖੇਲਤ ਤੇਰੇ ਦੇਹੁਰੇ ਆਇਆ ॥ ਭਗਤਿ ਕਰਤ ਨਾਪਕਰਿ ਉਠਾਇਆ॥੧॥
ਹੀਨੜੀ ਜਾਤਿ ਮੇਰੀ ਜਾਦਿਮ ਰਾਇਆ ॥ ਛੀਪੇ ਕੇ ਜਮਿ ਕਾਹੇ ਕਉ ਆਇਆ॥੧॥ ਰਹਾਉ॥
ਲੈ ਕਮਲੀ ਚਲਿਓ ਪਲਟਾਇ ॥ ਦੇਹੁਰੈ ਪਾਛੈ ਬੈਠਾ ਜਾਇ॥੨॥

(ਗੁਰੂ ਗ੍ਰੰਥ ਸਾਹਿਬ, ਪੰਨਾ ੧੧੬੪)

ਗੁਰੂ ਸਾਹਿਬਾਨ ਭਾਵੇਂ ਖ਼ੁਦ ਦਲਿਤ ਨਹੀਂ ਸਨ ਪਰ ਉਨ੍ਹਾਂ ਦੀ ਵਿਚਾਰਧਾਰਾਈ ਤਿਬੱਧਤਾ ਦਲਿਤ ਵਰਗ ਨਾਲ ਸੀ ਅਤੇ ਉਹ ਹੱਕ, ਸੱਚ ਅਤੇ ਨਿਆਂ ਦੀ ਖਾਤਿਰ ਦਲਿਤ ਦਾ ਹੀ ਪੱਖ ਪੂਰਦੇ ਦਿਖਾਈ ਦਿੰਦੇ ਹਨ। ਇਸ ਸੰਦਰਭ ਵਿਚ ਗੁਰੂ ਨਾਨਕ ਦੇਵ ਜੀ ਦੀਆਂ ਇਨ੍ਹਾਂ ਪੰਗਤੀਆਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ ॥
ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ ॥
ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ ॥੪॥੩॥

(ਗੁਰੂ ਗ੍ਰੰਥ ਸਾਹਿਬ, ਪੰਨਾ-੧੫)

ਗੁਰਬਾਣੀ ਦਾ ਕ੍ਰਾਂਤੀਕਾਰੀ ਪ੍ਰਵਚਨ ਵਰਣ-ਵਿਵਸਥਾ ਜਾਂ ਜਾਤੀ-ਪ੍ਰਥਾ ਦੀ ਮਿੱਥ ਨੂੰ ਅਧਿਆਤਮਕ ਧਰਾਤਲ ਉੱਤੇ ਰੱਦ ਕਰ ਦਿੰਦਾ ਹੈ। ਇਹ ਪਾਰਗਾਮੀ ਹਸਤੀ (ਬ੍ਰਹਮ) ਦੇ ਸਾਮ੍ਹਣੇ ਮਨੁੱਖ ਦੀ ਬਰਾਬਰੀ ਦਾ ਸੰਕਲਪ ਸਥਾਪਿਤ ਕਰਦਾ ਹੈ ਅਤੇ ਜਾਤਿ ਦੀ ਥਾਵੇਂ ਜੋਤਿ ਦੇ ਮਹੱਤਵ ਨੂੰ ਉਜਾਗਰ ਕਰਦਾ ਹੈ। ਗੁਰਬਾਣੀ ਵਿਚ ਇਸ ਕਿਸਮ ਦੇ ਅਧਿਆਤਮਕ ਵਿਵੇਕ ਦੀਆਂ ਅਨੇਕਾਂ ਮਿਸਾਲਾਂ ਮਿਲਦੀਆਂ ਹਨ। ਇਸ ਸੰਦਰਭ ਵਿਚ ਉਦਾਹਰਣ ਵਜੋਂ ਕੁਝ ਪੰਗਤੀਆਂ ਪੇਸ਼ ਹਨ :

ਜਾਣਹੁ ਜੋਤਿ ਨ ਪੂਛਹੁ ਜਾਤੀ ਆਗੈ ਜਾਤਿ ਨ ਹੈ॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੩੪੯)

ਗਰਭ ਵਾਸ ਮਹਿ ਕੁਲੁ ਨਹੀ ਜਾਤੀ ॥ ਬ੍ਰਹਮ ਬਿੰਦੁ ਤੇ ਸਭ ਉਤਪਾਤੀ॥੧॥
ਕਹੁ ਰੇ ਪੰਡਿਤ ਬਾਮਨ ਕਬ ਕੇ ਹੋਏ ਬਾਮਨ ਕਹਿ ਕਹਿ ਜਨਮੁ ਮਤ ਖੋਏ ॥੧॥ ਰਹਾਉ॥
ਜੌ ਤੂੰ ਬ੍ਰਾਹਮਣੁ ਬ੍ਰਹਮਣੀ ਜਾਇਆ॥ ਤਉ ਆਨ ਬਾਟ ਕਾਹੇ ਨਹੀ ਆਇਆ॥੧॥
ਤੁਮ ਕਤ ਬ੍ਰਾਹਮਣ ਹਮ ਕਤ ਸੂਦ ॥ ਹਮ ਕਤ ਲੋਹੂ ਤੁਮ ਕਤ ਦੂਧ ॥੩॥

(ਗੁਰੂ ਗ੍ਰੰਥ ਸਾਹਿਬ, ਪੰਨਾ-੩੨੪)

ਜਾਤਿ ਬਰਨ ਕੁਲ ਸਹਸਾ ਚੁਕਾ ਗੁਰਮਤਿ ਸਬਦਿ ਬੀਚਾਰੀ ॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੧੧੯੮)

ਇਸ ਤਰ੍ਹਾਂ ਦੀਆਂ ਅਨੇਕਾਂ ਮਿਸਾਲਾਂ ਦਿੱਤੀਆਂ ਜਾ ਸਕਦੀਆਂ ਹਨ ਜਿਨ੍ਹਾਂ ਵਿਚ ਜਾਤੀ-ਪ੍ਰਥਾ ਦੇ ਮਸਨੂਈ ਪਰ ਦਮਨਕਾਰੀ ਤੰਤਰ ਨੂੰ ਵਿਸਥਾਪਿਤ ਕਰਨ ਦਾ ਜ਼ੋਰਦਾਰ ਉਪਰਾਲਾ ਕੀਤਾ ਗਿਆ ਹੈ। ਕਿਧਰੇ ਰੂਹਾਨੀ ਵਿਵੇਕ ਰਾਹੀਂ, ਕਿਧਰੇ ਵਿਅੰਗ ਰਾਹੀਂ ਅਤੇ ਕਿਧਰੇ ਕਟਾਖਸ਼ ਰਾਹੀਂ। ਵਾਸਤਵ ਵਿਚ ਭਗਤੀ ਲਹਿਰ ਨੇ ਮੱਧਕਾਲੀਨ ਭਾਰਤ ਵਿਚ ਜਿਸ ਸਭਿਆਚਾਰਕ ਨਵ-ਜਾਗ੍ਰਿਤੀ ਦੀ ਲਹਿਰ ਨੂੰ ਸੰਗਠਿਤ ਕਰਨ ਦਾ ਉਪਰਾਲਾ ਕੀਤਾ ਸੀ ਉਸ ਦੇ ਮੂਲ ਸਰੋਕਾਰਾਂ ਵਿਚ ਦਲਿਤ-ਚੇਤਨਾ ਅਤੇ ਮਾਨਵ-ਮੁਕਤੀ ਨੂੰ ਪ੍ਰਮੁੱਖਤਾ ਹਾਸਿਲ ਸੀ। ਗੁਰੂ ਗ੍ਰੰਥ

ਸਾਹਿਬ ਦੇ ਬਾਣੀਕਾਰਾਂ ਨੇ ਜਿਸ ਕਿਸਮ ਦਾ ਆਦਰਸ਼ ਮਨੁੱਖ ਅਤੇ ਸਮਾਜ ਦੀ ਸਿਰਜਣਾ ਕਰਨ ਦਾ ਰੂਹਾਨੀ ਪਾਜੈਕਟ ਸਾਮਣੇ ਲਿਆਂਦਾ ਸੀ ਉਸ ਦੀ ਬੁਨਿਆਦ ਦਲਿਤ-ਚੇਤਨਾ ਉੱਪਰ ਹੀ ਰੱਖੀ ਗਈ ਪ੍ਰਤੀਤ ਹੁੰਦੀ ਹੈ। ਭਗਤ ਰਵਿਦਾਸ ਜੀ ਦੇ ਸ਼ਬਦਾਂ ਵਿਚ :

ਐਸੀ ਲਾਲ ਤੁਝ ਬਿਨੁ ਕਉਨੁ ਕਰੈ ॥
ਗਰੀਬ ਨਿਵਾਜੁ ਗੁਸਈਆ ਮੇਰਾ ਮਾਥੈ ਛਤ੍ਰੁ ਧਰੈ ॥੧॥ ਰਹਾਉ॥
ਜਾ ਕੀ ਛੋਤਿ ਜਗਤ ਕਉ ਲਾਗੈ ਤਾ ਪਰ ਤੁਹੀਂ ਢਰੈ॥
ਨੀਚਹ ਊਚ ਕਰੈ ਮੇਰਾ ਗੋਬਿੰਦੁ ਕਾਹੂ ਤੇ ਨ ਡਰੈ ॥੧॥

(ਗੁਰੂ ਗ੍ਰੰਥ ਸਾਹਿਬ, ਪੰਨਾ-੧੧੦੬)

ਦਲਿਤ-ਚੇਤਨਾ ਅਤੇ ਮਾਨਵ-ਮੁਕਤੀ ਦੇ ਇਸ ਸੰਕਲਪ ਨੂੰ ਜਦੋਂ ਅਸੀਂ ਅੱਜ ਦੇ ਵਿਸ਼ਵ-ਵਿਆਪੀ ਮਾਹੌਲ ਜਾਂ ਗਲੋਬਲ ਪਰਿਪੇਖ ਵਿਚ ਰੱਖ ਕੇ ਦੇਖਦੇ ਹਾਂ ਤਾਂ ਇਸ ਦੀ ਸਾਰਥਕਤਾ ਅਤੇ ਪ੍ਰਸੰਗਿਕਤਾ ਦਾ ਅਹਿਸਾਸ ਵੀ ਸਹਿਜੇ ਹੀ ਹੋ ਜਾਂਦਾ ਹੈ। ਸਮਕਾਲੀ ਪੱਛਮੀ ਸਮਾਜ-ਸਭਿਆਚਾਰ ਵਿਚ ਜਾਤੀ-ਪ੍ਰਥਾ ਵਰਗੇ ਹੀ ਕਈ ਦਮਨਕਾਰੀ ਤੰਤਰ ਪ੍ਰਤੱਖ ਜਾਂ ਪਰੋਖ ਰੂਪ ਵਿਚ ਪ੍ਰਚਲਿਤ ਹਨ ਜਿਨ੍ਹਾਂ ਦੇ ਸ਼ਿਕਾਰ ਮਨੁੱਖ-ਵਿਅਕਤੀ ਜਾਂ ਵਰਗ ਦਲਿਤ ਜਾਂ ਦਮਿਤ ਸਥਿਤੀ ਦਾ ਸੰਤਾਪ ਹੰਢਾਉਂਦੇ ਹਨ। ਮਿਸਾਲ ਵਜੋਂ ਨਸਲੀ ਵਿਤਕਰੇ ਅਤੇ ਰੰਗ-ਭੇਦ ਦੀ ਲੁਕਵੀਂ ਜਾਂ ਪ੍ਰਗਟ ਨੀਤੀ ਦਾ ਹਵਾਲਾ ਦਿੱਤਾ ਜਾ ਸਕਦਾ ਹੈ।[v] ਜਾਤੀ ਉੱਤਮਤਾ ਦੀ ਮਿੱਥ ਵਾਂਗ ਨਸਲੀ-ਉੱਤਮਤਾ ਦੀ ਮਿਥ ਵੀ ਸ਼ੋਸ਼ਣ ਅਤੇ ਦਮਨ ਦਾ ਉਪਕਰਣ ਬਣ ਕੇ ਸਾਮਣੇ ਆਉਂਦੀ ਹੈ ਅਤੇ ਮਨੁੱਖ ਮਨੁੱਖ ਵਿਚਕਾਰ ਮਸਨੂਈ ਵੰਡੀਆਂ ਪਾ ਕੇ ਵਿਭਿੰਨ ਭਾਈਚਾਰਿਆਂ ਨੂੰ ਨਾ-ਬਰਾਬਰੀ ਅਤੇ ਵਿਤਕਰੇ ਦਾ ਸ਼ਿਕਾਰ ਬਣਾਉਂਦੀ ਹੈ। ਇੰਗਲੈਂਡ ਅਤੇ ਅਮਰੀਕਾ ਵਰਗੇ ਵਿਕਸਿਤ ਵਿਚ ਵੀ ਇਸ ਕਿਸਮ ਦੇ ਨਸਲੀ ਵਿਤਕਰੇ ਅਤੇ ਰੰਗ-ਭੇਦ ਦੀਆਂ ਮਿਸਾਲਾਂ ਆਏ ਦਿਨ ਮਿਲਦੀਆਂ ਰਹਿੰਦੀਆਂ ਹਨ। ਇਨ੍ਹਾਂ ਵਿਚ ਧਰਮ, ਕੌਮ, ਭਾਸ਼ਾ ਅਤੇ ਖੇਤਰੀ ਸਭਿਆਚਾਰਾਂ ਨਾਲ ਸੰਬੰਧਿਤ ਵਿਤਕਰੇ ਸ਼ਾਮਿਲ ਹਨ। ਇਨ੍ਹਾਂ ਤੋਂ ਇਲਾਵਾ ਪ੍ਰਵਾਸੀਆਂ, ਘੱਟ-ਗਿਣਤੀਆਂ, ਅਤੇ ਮੁੱਖਧਾਰਾ ਦੇ ਲੋਕਾਂ ਵਲੋਂ ਹਾਸ਼ੀਏ ਤੇ ਸੁੱਟੇ ਗਏ ਵਰਗਾਂ ਅਤੇ ਵਿਅਕਤੀਆਂ ਨਾਲ ਹੁੰਦੀਆਂ ਬਦਸਲੂਕੀਆਂ ਜਾਂ ਬੇ ਇਨਸਾਫ਼ੀਆਂ ਵੀ ਆ ਜਾਂਦੀਆਂ ਹਨ। ਇਸ ਪ੍ਰਵਚਨ ਦਾ ਗਿਆਨ-ਮੂਲਕ ਅਧਿਐਨ ਕਰਨ ਲਈ ਸਹਿਵਨ ਹੀ ਸਾਡਾ ਧਿਆਨ ਇਸ ਦੀ ਵਿਸ਼ੈਗਤ ਸੰਰਚਨਾ ਵਲ ਚਲਾ ਜਾਂਦਾ ਹੈ। ਅਸਲ ਵਿੱਚ ਗੁਰਬਾਣੀ ਦਾ ਇਹ ਪ੍ਰਵਚਨ ਵਿਚਾਰਕ ਦ੍ਰਿਸ਼ਟੀ ਤੋਂ ਬਹੁਤ ਮਹੱਤਵਪੂਰਣ ਹੈ।

ਗੁਰਬਾਣੀ ਦਾ ਪ੍ਰਵਚਨ ਸ਼ੋਸ਼ਣ ਅਤੇ ਦਮਨ ਦੇ ਮੁਕਾਬਲੇ ਲਈ ਰੂਹਾਨੀ ਜਾਗ੍ਰਿਤੀ ਅਤੇ ਨੈਤਿਕ ਚੇਤਨਾ ਦਾ ਮਾਰਗ ਸੁਝਉਂਦਾ ਹੈ ਅਤੇ ਸਮੂਹ ਮਾਨਵ-ਜਾਤੀ ਦੇ ਅੰਦਰ ਨਿਵਾਸ ਕਰ ਰਹੀ ਇਕ ਜੋਤਿ ਦੇ ਪ੍ਰਕਾਸ਼ ਉੱਪਰ ਬਲ ਦਿੰਦਾ ਹੈ। ਮਿਸਾਲ ਵਜੋਂ ਗੁਰੂ ਨਾਨਕ ਬਾਣੀ ਦੀਆਂ ਇਹ ਪੰਗਤੀਆਂ ਪੇਸ਼ ਹਨ :

ਸਭ ਮਹਿ ਜੋਤਿ ਜੋਤਿ ਹੈ ਸੋਇ ॥
ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥

(ਗੁਰੂ ਗ੍ਰੰਥ ਸਾਹਿਬ, ਪੰਨਾ ੬੬੩)

ਗੁਰੂ ਗ੍ਰੰਥ ਸਾਹਿਬ ਦੀ ਸਮਕਾਲੀਨ ਪ੍ਰਾਸੰਗਿਕਤਾਦਾਦੂਸਰਾ ਮਹੱਤਵਪੂਰਣ ਪਹਿਲੂ ਨਾਰੀ ਨੂੰ ਉਸਦਾ ਬਣਦਾ ਮਾਣ ਤੇ ਸਤਿਕਾਰ ਦੇਣਾ ਹੈ। ਇਸਦੇ ਪਾਠ ਤੇ ਪ੍ਰਵਚਨ ਵਿੱਚ ਇਸ ਕਿਸਮ ਦੀਆਂ ਅਨੇਕਾਂ ਮਿਸਾਲਾਂ ਮਿਲਦੀਆਂ ਹਨ। ਅਜੋਕੇ ਦੌਰ ਵਿੱਚ ਉੱਭਰੇ ਨਾਰੀਵਾਦੀ ਚਿੰਤਨ ਦੀ ਮੂਲ ਧਾਰਣਾ ਇਹ ਹੈ ਕਿ ਮੌਜੂਦਾ ਸਮਾਜਿਕ ਵਿਵਸਥਾ ਦਾ ਕੇਂਦਰੀ ਧੁਰਾ ਲਿੰਗ-ਭੇਦ ਹੈ ਜਿਸਨੇ ਹੁਣ ਤਕ ਔਰਤ ਨੂੰ ਮਰਦ ਦੇ ਅਧੀਨ ਰੱਖਿਆ ਹੈ। ਨਾਰੀਵਾਦੀਆਂ ਅਨੁਸਾਰ ਔਰਤਾਂ ਦੀ ਇਹ ਅਧੀਨਗੀ ਜੀਵਨ ਦੇ ਕਿਸੇ ਇਕ ਖੇਤਰ ਤਕ ਸੀਮਿਤ ਨਹੀਂ ਸਗੋਂ ਸਮੁੱਚੇ ਸਮਾਜਿਕ ਵਰਤਾਰੇ ਅਤੇ ਵਿਹਾਰ ਤਕ ਫੈਲੀ ਹੋਈ ਹੈ। ਇਸ ਤਰ੍ਹਾਂ ਨਾਰੀਵਾਦ ਨੇ ਲਿੰਗ-ਭੇਦ ਦੀ ਦਰਜਾਬੰਦੀ ਅਨੁਸਾਰ ਉੱਸਰੇ ਸਮਾਜਿਕ ਰਿਸ਼ਤਿਆਂ ਦੀ ਸਿਆਸਤ ਨਾਲ ਆਪਣਾ ਸਰੋਕਾਰ ਜੋੜਿਆ ਹੈ ਅਤੇ ਇਸ ਵਿਤਕਰੇ ਭਰੀ ਮਰਦ-ਪ੍ਰਧਾਨ ਸਮਾਜਿਕ ਵਿਵਸਥਾ ਨੂੰ ਤਬਦੀਲ ਕਰਨ ਉੱਤੇ ਜ਼ੋਰ ਦਿੱਤਾ ਹੈ। ਇਸਦੀ ਵਿਚਾਰਧਾਰਾ ਅਤੇ ਸਿਆਸਤ ਔਰਤ ਨੂੰ ਇਸ ਅਧੀਨਗੀ ਤੋਂ ਮੁਕਤ ਕਰਕੇ ਅਜਿਹੇ ਸਮਾਜ ਸਭਿਆਚਾਰ ਦਾ ਨਿਰਮਾਨ ਕਰਨਾ ਲੋਚਦੀ ਹੈ ਜਿਸ ਵਿਚ ਉਸਦੀਆਂ ਆਕਾਂਖਿਆਵਾਂ ਅਤੇ ਉਦੇਸ਼ਾਂ ਦਾ ਲੋੜੀਂਦਾ ਧਿਆਨ ਰੱਖਿਆ ਜਾਵੇ। ਇਸ ਤਰ੍ਹਾਂ ਨਾਰੀਵਾਦ ਨਿਰੋਲ ਆਕਾਦਮਿਕ ਲਹਿਰ ਨਹੀਂ ਸਗੋਂ ਇਸਦਾ ਸਰਗਰਮ ਸਿਆਸਤ ਨਾਲ ਵੀ ਡੂੰਘਾ ਸਰੋਕਾਰ ਹੈ।

ਹਵਾਲੇ:

[i] ਜਗਬੀਰ ਸਿੰਘ, ਗੁਰਮਤਿ ਕਾਵਿ ਦਾ ਇਤਿਹਾਸ, ਪੰਜਾਬੀ ਅਕਾਦਮੀ ਦਿੱਲੀ।

[ii] ਡਾ. ਰਤਨ ਸਿੰਘ ਜੱਗੀ (ਸੰਪਾ.), ਸਾਹਿਤ ਕੋਸ਼, ਪੰਨਾ 627-628

[iii] ਡਾ. ਵਿਜੇਂਦਰ ਸਨਾਤਕ, ਹਿੰਦੀ ਸਾਹਿਤਯ ਕਾ ਇਤਿਹਾਸ, ਪੰਨਾ 40-41.

[iv] ਜਗਬੀਰ ਸਿੰਘ, ਪੰਜਾਬੀ ਸਾਹਿਤ ਦਾ ਇਤਿਹਾਸ (ਆਦਿ ਕਾਲ-ਭਗਤਿ ਕਾਲ), ਪੰਨਾ 55

[v] ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ ਟੀਕਾਕਾਰ ਪ੍ਰੋ. ਸਾਹਿਬ ਸਿੰਘ।